8_Dec_Jal_Page_6_7-8.qxd 12/9/2024 1:33 AM Page 3

ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਸ਼ਾਹਕੋਟ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਦੌਰਾਨ ਭਾਈ ਕਿਸ਼ਨ ਸਿੰਘ (ਖੁਖਰਾਣੇ ਵਾਲੇ) ਦੇ ਜੱਥੇ ਦਾ ਸਨਮਾਨ ਕਰਦੇ ਪ੍ਰਬੰਧਕ ਅਤੇ (ਸੱਜੇ) ਹਾਜ਼ਰ ਸੰਗਤਾਂ। *ਤਸਵੀਰਾਂ- ਸੁਖਦੀਪ ਸਿੰਘ*

ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ

ਸੰਗਤਾਂ ਨੇ ਕੀਤੀ ਨਿਸ਼ਾਨ ਸਾਹਿਬ ਦੇ ਚੋਲਾ ਬਦਲੀ ਦੀ ਸੇਵਾ

ਸ਼ਾਹਕੋਟ, 8 ਦਸੰਬਰ (ਸੁਖਦੀਪ ਸਿੰਘ)- ਸ੍ਰੀ ਗੁਰੂ ਤੇਗ਼ ਬਹਾਦਰ ਵੈਲਫੇਅਰ ਸੁਸਾਇਟੀ (ਰਜਿ.) ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਮੁਹੱਲਾ ਕਰਤਾਰ ਨਗਰ, ਸ਼ਾਹਕੋਟ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਪਰਸੋਂ ਤੋਂ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਸਵੇਰ ਸਮੇਂ ਭੋਗ ਪਾਏ ਗਏ, ਉਪਰੰਤ ਭਾਈ ਕਿਸ਼ਨ ਸਿੰਘ (ਖੁਖਰਾਣੇ ਵਾਲੇ) ਦੇ ਜੱਥੇ ਨੇ ਕੀਰਤਨ ਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, 'ਆਪ' ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਅਕਾਲੀ ਦਲ ਦੇ ਹਲਕਾ ਇੰਚਾਰਜ ਬਚਿੱਤਰ ਸਿੰਘ ਕੋਹਾੜ ਅਤੇ ਭਾਜਪਾ ਆਗੂ ਰਾਣਾ ਹਰਦੀਪ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕਰਕੇ ਗੁਰੂ ਜੀ ਦੀ ਸ਼ਹਾਦਤ ਨੂੰ ਸਿਜਦਾ ਕੀਤਾ। ਸੰਗਤਾਂ ਲਈ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਸੰਗਤਾਂ ਵਲੋਂ ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ ਵੀ ਕੀਤੀ ਗਈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਧੰਜਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਧੰਜਲ, ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਮਨਮੋਹਣ ਸਿੰਘ, ਗ੍ਰੰਥੀ ਸੁਰਜੀਤ ਸਿੰਘ, ਅਰਵਿੰਦਰ ਸਿੰਘ ਰੱਖੜਾ, ਕਰਮਜੀਤ ਸਿੰਘ ਝੀਤਾ, ਅਮਨਦੀਪ ਸਿੰਘ ਬਾਂਸਲ, ਸਰਬਜੀਤ ਸਿੰਘ, ਅਜੈਪਾਲ ਸਿੰਘ ਬਾਂਸਲ, ਅੰਮ੍ਰਿਤਪਾਲ ਸਿੰਘ, ਨਵਦੀਪ ਸਿੰਘ ਝੀਤਾ, ਅਵਤਾਰ ਸਿੰਘ, ਰਤਨ ਸਿੰਘ ਰੱਖੜਾ, ਜੋਗਾ ਸਿੰਘ, ਲਛਮਣ ਸਿੰਘ ਰੂਪਰਾ, ਬਵਦੀਪ ਸਿੰਘ ਰੱਖੜਾ, ਕਾਲੀ ਚਰਨ, ਬੰਟੀ ਵਾਲੀਆ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਸਾਬਕਾ ਵਾਇਸ ਪ੍ਰਧਾਨ ਪਰਮਜੀਤ ਕੌਰ ਬਜਾਜ, ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਸਾਬਕਾ ਐਮ.ਸੀ. ਪਵਨ ਅਗਰਵਾਲ, ਸੁਖਦੀਪ ਸਿੰਘ ਸੋਨੂੰ ਕੰਗ ਪੀ.ਏ. ਸ਼ੇਰੋਵਾਲੀਆ, ਅਮਨਦੀਪ ਸੈਦਪੁਰੀ, ਪਵਨ ਜੁਨੇਜਾ, ਸਾਬਕਾ ਐਮ.ਸੀ. ਹਰਦੇਵ ਸਿੰਘ ਪੀਟਾ, ਚੇਅਰਮੈਨ ਬਲਵੀਰ ਸਿੰਘ ਢੰਡੋਵਾਲ, 'ਆਪ' ਆਗੂ ਮਨਦੀਪ ਸਿੰਘ ਝੀਤਾ, ਧਰਮਿੰਦਰ ਸਿੰਘ ਰੂਪਰਾ, ਸੁਰਜੀਤ ਸਿੰਘ, ਯਸ਼ਪਾਲ ਗੁਪਤਾ, ਸਰੋਜ ਢੰਡ, ਭਾਈ ਜਸਵਿੰਦਰ ਸਿੰਘ ਸੋਢੀ, ਜਥੇ. ਨਿਰਮਲ ਸਿੰਘ ਸੋਖੀ, ਡਾ. ਜਗਦੀਸ਼ ਗੋਇਲ, ਰਾਜਾ ਅਰੋੜਾ, ਗੋਪੀ ਸ਼ਾਹਕੋਟੀ, ਸਰਬਜੀਤ ਸਿੰਘ ਉਦਾਸੀ, ਗੌਤਮ ਧਵਨ ਆਦਿ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਸ਼ੇਰੋਵਾਲੀਆ, ਪਿੰਦਰ ਪੰਡੋਰੀ, ਕੋਹਾੜ ਤੇ ਰਾਣਾ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

ਲੰਗਰ ਛਕਦੀਆਂ ਸੰਗਤਾਂ। *ਤਸਵੀਰ- ਸੁਖਦੀਪ ਸਿੰਘ*

ਸੁਖਬੀਰ 'ਤੇ ਕੀਤਾ ਹਮਲਾ ਪੰਜਾਬ ਸਰਕਾਰ ਲਈ ਸ਼ਰਮ ਵਾਲੀ ਗੱਲ -ਵਾਲੀਆ

ਚੁਗਿੱਟੀ/ਜੰਡੂ ਸਿੰਘਾ, 8 ਦਸੰਬਰ (ਨਰਿੰਦਰ ਲਾਗੂ)-ਮਗਰਲੇ ਦਿਨੀਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਗੋਲੀ ਚਲਾਕੇ ਕੀਤਾ ਗਿਆ ਜਾਨਲੇਵਾ ਹਮਲਾ ਪੰਜਾਬ ਸਰਕਾਰ ਲਈ ਬੜੀ ਸ਼ਰਮ ਵਾਲੀ ਗੱਲ ਹੈ। ਇਹ ਪ੍ਰਗਟਾਵਾ ਗੱਲਬਾਤ ਕਰਦੇ ਜਲੰਧਰ ਕੇਂਦਰੀ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਜਸਵੀਰ ਸਿੰਘ ਵਾਲੀਆ ਵਲੋਂ ਕੀਤਾ ਗਿਆ। ਸ੍ਰੀ: ਵਾਲੀਆ ਨੇ ਕਿਹਾ ਕਿ ਮਾਮਲੇ ਦੀ ਕੇਂਦਰ ਸਰਕਾਰ ਵਲੋਂ ਉੱਚ ਪੱਧਰੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ।

ਲੋੜਵੰਦ ਵਿਅਕਤੀਆਂ ਨੂੰ ਗਰਮ ਕੰਬਲ ਵੰਡਣ ਮੌਕੇ ਲਾਇਨਜ਼ ਕਲੱਬ ਨਕੋਦਰ ਦੇ ਪ੍ਰਧਾਨ ਵਿਪਨ ਸ਼ਰਮਾ ਤੇ ਸਮੂਹ ਕਲੱਬ ਮੈਂਬਰ। *ਤਸਵੀਰ ਗੁਰਵਿੰਦਰ ਸਿੰਘ*

ਲਾਇਨਜ਼ ਕਲੱਬ ਨਕੋਦਰ ਵਲੋਂ ਲੋੜਵੰਦ ਲੋਕਾਂ ਨੂੰ ਵੰਡੇ 60 ਕੰਬਲ

ਨਕੋਦਰ, 8 ਦਸੰਬਰ (ਗੁਰਵਿੰਦਰ ਸਿੰਘ)-ਸਥਾਨਕ ਲਾਇਨਜ਼ ਕਲੱਬ ਨਕੋਦਰ ਵੱਲੋਂ ਆਪਣੇ ਭਲਾਈ ਦੇ ਕੰਮਾਂ ਨੂੰ ਜਾਰੀ ਰੱਖਦੇ ਹੋਏ ਜ਼ਰੂਰਤਮੰਦ ਲੋਕਾਂ ਨੂੰ 60 ਕੰਬਲ ਵੰਡੇ। ਇਸ ਮੌਕੇ 'ਤੇ ਕਲੱਬ ਦੇ ਪ੍ਰਧਾਨ ਵਿਪਨ ਸ਼ਰਮਾ ਨੇ ਦੱਸਿਆ ਕਿ ਸਰਦੀ ਕਾਫ਼ੀ ਜਿਆਦਾ ਵੱਧ ਗਈ ਹੈ। ਜਿਸ ਕਾਰਨ ਸਰਦੀ ਤੋਂ ਬਚਾਅ ਲਈ ਉਨਾਂ ਦੀ ਕਲੱਬ ਵੱਲੋਂ ਲੋੜਵੰਦ ਵਿਅਕਤੀਆਂ ਨੂੰ ਇਹ ਗਰਮ ਕੰਬਲ ਵੰਡੇ ਗਏ ਹਨ ਅਤੇ ਅੱਗੇ ਤੋਂ ਵੀ ਕਲੱਬ ਲੋਕ ਭਲਾਈ ਦੇ ਕੰਮਾਂ ਨੂੰ ਕਰਨ ਲਈ ਪਾਬੰਦ ਹੈ। ਇਸ ਮੌਕੇ 'ਤੇ ਲਾਇਨਜ਼ ਕਲੱਬ ਦੇ ਸੀਨੀਅਰ ਮੈਂਬਰ ਰਾਜ ਕੁਮਾਰ ਸੋਹਲ, ਡਾ. ਜਸਪ੍ਰੀਤ ਸਿੰਘ ਛਾਬੜਾ, ਵਿਸ਼ਨੂੰ ਰਿਹਾਨ, ਇੰਡੋ ਸਵਿਸ ਇੰਟਰਨੈਸ਼ਨਲ ਕਾਨਵੇਂਟ ਸਕੂਲ ਦੇ ਚੇਅਰਪਰਸਨ ਮੈਡਮ ਜਯੋਤੀ ਸ਼ਰਮਾ, ਪ੍ਰਿੰਸੀਪਲ ਪੰਕਜ ਸ਼ਰਮਾ, ਵਾਈਸ ਪ੍ਰਿੰਸੀਪਲ ਨੇਹਾ ਸਮੇਤ ਹੋਰ ਮੈਂਬਰਜ਼ ਵੀ ਹਾਜ਼ਰ ਸਨ।

ਗਰੀਸ ਵਿਚ ਸ਼ਹੀਦ ਹੋਏ ਅੰਮ੍ਰਿਤਧਾਰੀ ਸਿੱਖ ਫੌਜੀਆਂ ਨੂੰ ਸ਼ਰਧਾਂਜਲੀ ਦੇਣ ਪੁੱਜੇ ਇੰਗਲੈਂਡ ਤੇ ਭਾਰਤ ਦੇ ਰਾਜਦੂਤਾਂ ਨਾਲ, ਸਿੱਖ ਨੈਸ਼ਨਲ ਫੈੱਡਰੇਸ਼ਨ ਗਰੀਸ ਦੇ ਪ੍ਰਧਾਨ ਭਾਈ ਹਜ਼ਾਰਾ ਸਿੰਘ ਖ਼ਾਲਸਾ ਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਦੇ ਅਹੁਦੇਦਾਰ। *ਅਜੀਤ ਤਸਵੀਰਾਂ*

ਸਿੱਖ ਨੈਸ਼ਨਲ ਫੈੱਡਰੇਸ਼ਨ ਗਰੀਸ ਵਲੋਂ ਸ਼ਹੀਦ ਸਿੱਖ ਫੌਜੀਆਂ ਦੀ ਯਾਦ 'ਚ ਸਮਾਗਮ

ਭਾਰਤ ਸਮੇਤ ਵੱਖ-ਵੱਖ ਦੇਸ਼ਾਂ ਦੇ ਪੁੱਜੇ ਰਾਜਦੂਤਾਂ ਵਲੋਂ ਸ਼ਰਧਾ ਦੇ ਫੁੱਲ ਭੇਟ

ਸ਼ਾਹਕੋਟ, 8 ਦਸੰਬਰ (ਦਲਜੀਤ ਸਿੰਘ ਸਚਦੇਵਾ)- ਸਿੱਖ ਨੈਸ਼ਨਲ ਫੈੱਡਰੇਸ਼ਨ ਵਲੋਂ ਗਰੀਸ ਵਿਚ ਸ਼ਹੀਦ ਹੋਏ ਅੰਮ੍ਰਿਤਧਾਰੀ ਸਿੱਖ ਫੌਜੀਆਂ ਦੀ ਯਾਦ ਵਿਚ ਸਮਾਗਮ ਕਰਵਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜਾਣਕਾਰੀ ਦਿੰਦਿਆਂ ਫੈੱਡਰੇਸ਼ਨ ਦੇ ਪ੍ਰਧਾਨ ਭਾਈ ਹਜ਼ਾਰਾ ਸਿੰਘ ਖ਼ਾਲਸਾ ਵਾਸੀ ਪਿੰਡ ਸੰਗੋਵਾਲ ਨੇ ਦੱਸਿਆ ਕਿ ਪਹਿਲੇ ਤੇ ਦੂਸਰੇ ਵਿਸ਼ਵ ਯੁੱਧ ਵਿਚ ਵੱਖ-ਵੱਖ ਦੇਸ਼ਾਂ ਦੇ ਫੌਜਾਂ ਵਿਚ ਅੰਮ੍ਰਿਤਧਾਰੀ ਸਿੱਖ ਫੌਜੀ ਵੀ ਸ਼ਾਮਿਲ ਸਨ, ਜੋ ਕਿ ਗਰੀਸ ਵਿਚ ਲੋਕਾਂ ਦੀ ਸੁਰੱਖਿਆ ਲਈ ਤਾਇਨਾਤ ਸਨ। ਇਨ੍ਹਾਂ ਸਿੱਖ ਫੌਜੀਆਂ ਵਲੋਂ ਲੋਕਾਂ ਦੀ ਸੁਰੱਖਿਆ ਕਰਦੇ ਹੋਏ ਆਪਣੀਆਂ ਕੁਰਬਾਨੀਆਂ ਦਿੱਤੀਆਂ ਗਈਆਂ ਸਨ, ਜਿਨ੍ਹਾਂ ਦੀ ਗਰੀਸ ਵਿਚ ਇਕ ਯਾਦਗਾਰ ਬਣਾਈ ਗਈ ਸੀ, ਜਿਥੇ ਸ਼ਹੀਦਾਂ ਦੀ ਯਾਦ ਵਿਚ ਹਰ ਸਾਲ ਸਮਾਗਮ ਕਰਵਾਇਆ ਜਾਂਦਾ ਹੈ। ਇਸ ਵਾਰ ਵੀ ਸਿੱਖ ਨੈਸ਼ਨਲ ਫੈੱਡਰੇਸ਼ਨ ਗਰੀਸ ਵਲੋਂ ਸ਼ਹੀਦ ਸਿੱਖ ਫੌਜੀਆਂ ਦੀ ਯਾਦ ਵਿਚ ਇਕ ਸਮਾਗਮ ਕਰਵਾਇਆ ਗਿਆ, ਜਿਸ ਵਿਚ ਗਰੀਸ ਦੇ ਮੰਤਰੀ, ਭਾਰਤ ਸਮੇਤ ਵੱਖ-ਵੱਖ ਦੇਸ਼ਾਂ ਦੇ ਰਾਜਦੂਤ ਤੇ ਗਰੀਸ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਦੇ ਅਹੁਦੇਦਾਰ ਸ਼ਾਮਿਲ ਹੋਏ, ਜਿਨ੍ਹਾਂ ਵਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਨ੍ਹਾਂ ਕਿਹਾ ਕਿ ਸਾਡੀ ਫੈੱਡਰੇਸ਼ਨ ਗਰੀਸ ਵਿਚ ਹਰ ਲੋੜਵੰਦ ਭਾਰਤੀ ਖ਼ਾਸ ਕਰਕੇ ਪੰਜਾਬੀਆਂ ਦੀ ਹਰ ਪੱਖੋਂ ਸਹਾਇਤਾ ਕਰਦੀ ਹੈ।

ਲੈਕਚਰਾਰ ਸੀਤਾ ਰਾਣੀ ਸ.ਸ.ਸ. ਕੰਨਿਆ ਸਕੂਲ 'ਚ ਬਤੌਰ ਆਪਣੀਆਂ ਸੇਵਾਵਾਂ ਦੀ ਹਾਜ਼ਰੀ ਲਗਵਾਉਂਦੇ ਹੋਏ। *ਤਸਵੀਰ-ਚਰਨਜੀਤ ਸਿੰਘ ਦੁਸਾਂਝ*

ਬੜਾ ਪਿੰਡ ਕੰਨਿਆ ਸਕੂਲ 'ਚ ਸੀਤਾ ਰਾਣੀ ਬਤੌਰ ਪੰਜਾਬੀ ਲੈਕਚਰਾਰ ਹਾਜ਼ਰ ਹੋਏ

ਗੁਰਾਇਆ, 8 ਦਸੰਬਰ (ਚਰਨਜੀਤ ਸਿੰਘ ਦੁਸਾਂਝ)-ਸਿੱਖਿਆ ਵਿਭਾਗ ਵੱਲੋਂ ਮਾਸਟਰ ਕੇਡਰ ਤੋਂ ਲੈਕਚਰਾਰ ਦੀਆਂ ਹੋਈਆਂ ਪਦ ਉਨਤੀਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਠੱਡਾ ਖੁਰਦ ਦੇ ਸ੍ਰੀਮਤੀ ਸੀਤਾ ਰਾਣੀ ਪ੍ਰਮੋਸ਼ਨ ਬਤੌਰ ਲੈਕਚਰਾਰ ਪੰਜਾਬੀ ਹੋਈ। ਉਨ੍ਹਾਂ ਸਕੂਲ ਮੁਖੀ ਵਿਸ਼ਵਿੰਦਰ ਦੱਤ ਕੋਲ ਸਰਕਾਰੀ ਕੰਨਿਆ ਸੀਨੀ: ਸੈਕੰ: ਸਕੂਲ ਬੜਾ ਪਿੰਡ 'ਚ ਬਤੌਰ ਲੈਕਚਰਾਰ ਹਾਜਰੀ ਦਿੱਤੀ। ਇਸ ਤੋਂ ਪਹਿਲਾਂ ਉਹ ਬਤੌਰ ਅਧਿਆਪਕ ਦੇ ਤੌਰ 'ਤੇ ਸਰਕਾਰੀ ਸੀਨੀ.ਸੈਕੰ. ਸਮਾਰਟ ਸਕੂਲ ਮੁਠੱਡਾ ਖੁਰਦ 'ਚ 14 ਸਾਲ 6 ਮਹੀਨੇ ਆਪਣੀਆਂ ਸੇਵਾਵਾਂ ਦੇ ਚੁੱਕੇ ਸਨ। ਉਨ੍ਹਾਂ ਦਾ ਤਰੱਕੀ ਹੋ ਕੇ ਜਾਣ ਨਾਲ ਜਿਥੇ ਸਟਾਫ਼ ਅਤੇ ਬੱਚਿਆਂ 'ਚ ਖੁਸ਼ੀ ਦਾ ਮਾਹੌਲ ਸੀ ਉਥੇ ਕਈ ਬੱਚੇ ਭਾਵੁਕ ਵੀ ਹੋਏ। ਬੱਚਿਆਂ ਅਨੁਸਾਰ ਮੈਡਮ ਸੀਤਾ ਰਾਣੀ ਅਨੁਸ਼ਾਸ਼ਨ 'ਚ ਰਹਿ ਕੇ ਜਿਥੇ ਬੱਚਿਆਂ ਨੂੰ ਵਧੀਆ ਸਿੱਖਿਆ ਦਿੰਦੇ ਸਨ ਉਥੇ ਉਨ੍ਹਾਂ ਨੂੰ ਜੀਵਨ 'ਚ ਆਉਣ ਵਾਲੇ ਉਤਰਾਅ-ਚੜ੍ਹਾਅ ਸਬੰਧੀ ਸਮੇਂ ਸਮੇਂ 'ਤੇ ਜਾਗਰੂਕ ਵੀ ਕਰਦੇ ਸਨ। ਇਸ ਮੌਕੇ ਪ੍ਰਿੰਸੀਪਲ ਵਿਸ਼ਵਿੰਦਰ ਦੱਤ ਨੇ ਦੱਸਿਆ ਕਿ ਇਸ ਅਸਾਮੀ ਦੇ ਭਰਨ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਦੀ ਗੁਣਵੱਤਾ ਵਿੱਚ ਹੋਰ ਨਿਖਾਰ ਆਵੇਗਾ ਅਤੇ ਉਹ ਮਠੁੱਡਾ ਖੁਰਦ ਵਾਂਗ ਵੀ ਇਥੇ ਬੱਚੀਆਂ ਨੂੰ ਨੈਤਿਕ ਕਦਰਾਂ ਕੀਮਤ ਵਾਲੀ ਸਿੱਖਿਆ ਦੇਣਗੇ। ਇਸ ਮੌਕੇ ਪ੍ਰਿੰਸੀਪਲ ਸੁਰਿੰਦਰ ਪਾਲ, ਪ੍ਰਿੰਸੀਪਲ ਭੁਪਿੰਦਰ ਸਿੰਘ, ਪ੍ਰਿੰਸੀਪਲ ਹਰਦੀਪ ਸਿੰਘ, ਲੈਕਚਰਾਰ ਅਵਤਾਰ ਲਾਲ, ਪਰਦੀਪ ਸਿੰਘ, ਕਮਲ ਕੁਮਾਰ, ਬਿਮਲਾ ਰਾਣੀ, ਸੰਜੀਵ ਕੁਮਾਰ, ਹਰਪ੍ਰੀਤ ਸਿੰਘ, ਮੁਕੇਸ਼ ਕੁਮਾਰ, ਸੁਖਵਿੰਦਰ ਸਿੰਘ ਖਾਲਸਾ, ਨੀਲਮ ਰਾਣੀ, ਮੈਡਮ ਰਵਿੰਦਰਜੀਤ ਕੌਰ, ਨਵਦੀਪ ਕੌਰ, ਸੁਖਦੀਪ ਸਿੰਘ ਪੂਨੀਆ, ਲੈਕਚਰਾਰ ਮੋਨਿਕਾ ਰਾਣੀ, ਜਗਵਿੰਦਰ ਕੁਮਾਰ ਆਦਿ ਹਾਜ਼ਰ ਸਨ।

ਕੰਵਰ ਸਤਨਾਮ ਸਿੰਘ ਸਕੂਲ 'ਚ ਮਨਾਇਆ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦਾ ਸ਼ਹੀਦੀ ਦਿਹਾੜਾ

ਜਲੰਧਰ, 8 ਦਸੰਬਰ (ਹਰਵਿੰਦਰ ਸਿੰਘ ਫੁੱਲ)-ਕੰਵਰ ਸਤਨਾਮ ਸਿੰਘ ਖ਼ਾਲਸਾ ਸਕੂਲ (ਜ਼ੀਰੋ ਫ਼ੀਸ) ਬਸਤੀ ਸ਼ੇਖ਼ ਮਾਡਲ ਹਾਊਸ ਰੋਡ ਜਲੰਧਰ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਜਿਸ ਵਿਚ ਸਕੂਲ ਕਮੇਟੀ ਦੇ ਮੁੱਖ ਸੇਵਾਦਾਰ ਪਰਮਿੰਦਰ ਪਾਲ ਸਿੰਘ ਖ਼ਾਲਸਾ ਪ੍ਰਧਾਨ ਸਿੱਖ ਸੇਵਕ ਸੁਸਾਇਟੀ ਇੰਟਰਨੈਸ਼ਨਲ ਤੇ ਪ੍ਰਬੰਧਕ ਕਮੇਟੀ ਮੈਂਬਰ ਸੰਤੋਖ ਸਿੰਘ, ਅਰਿੰਦਰਜੀਤ ਸਿੰਘ ਐਡਵੋਕੇਟ, ਹਰਦੇਵ ਸਿੰਘ ਗਰਚਾ, ਹਰਭਜਨ ਸਿੰਘ ਬਲ, ਪ੍ਰੋ. ਬਲਵਿੰਦਰ ਪਾਲ ਸਿੰਘ, ਬਲਜੀਤ ਸਿੰਘ, ਪ੍ਰੇਮ ਸਿੰਘ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਪਰਮਿੰਦਰ ਪਾਲ ਸਿੰਘ ਖ਼ਾਲਸਾ ਨੇ ਕਿਹਾ ਕਿ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਦਾ ਆਦਰਸ਼ ਜਿੱਥੇ ਮਾਨਵ ਧਰਮ ਦੀ ਰੱਖਿਆ ਸੀ, ਉੱਥੇ ਮਨੁੱਖ ਜਾਤੀ ਦੇ ਵਿਚਾਰ ਵਿਸ਼ਵਾਸ ਦੀ ਸੁਤੰਤਰਤਾ ਅਤੇ ਉਸ ਦੀ ਜ਼ਮੀਰ ਦੀ ਆਜ਼ਾਦੀ ਵਾਲੇ ਬੁਨਿਆਦੀ ਹੱਕਾਂ ਦੀ ਬਰ ਕਰਾਰੀ ਸੀ। ਉਨ੍ਹਾਂ ਕਿਹਾ ਗੁਰੂ ਸਾਹਿਬ ਦੀ ਸ਼ਹਾਦਤ ਭਾਰਤ ਲਈ ਹੀ ਨਹੀਂ, ਸਗੋਂ ਸਮੁੱਚੇ ਸੰਸਾਰ ਲਈ ਚਾਨਣ ਮੁਨਾਰੇ ਦਾ ਕਾਰਜ ਕਰ ਰਹੀ ਹੈ। ਸਮਾਗਮ ਦੌਰਾਨ ਸਕੂਲ ਦੇ ਬੱਚਿਆਂ ਜਸਲੀਨ ਕੌਰ, ਮਨਮੀਤ ਕੌਰ, ਨਵਦੀਪ ਕੌਰ, ਮਨਜੋਤ ਕੌਰ, ਰਾਜਵੀਰ ਕੌਰ, ਪਰਵਿੰਦਰ ਕੌਰ ਦੁਆਰਾ ਕਵੀਸ਼ਰੀ ਕੀਤੀ ਗਈ ਅਤੇ ਬੱਚੀ ਨਿਮਰਤ ਕੌਰ ਵਲ਼ੋਂ 'ਸ਼ਹੀਦੀ ਵਿਰਸਾ' ਵਿਸ਼ੇ ਉੱਪਰ ਲੈਕਚਰ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਵਲ਼ੋਂ ਅਧਿਆਪਕਾਂ ਅਤੇ ਬੱਚਿਆਂ ਨੂੰ ਸਵੈਟਰ ਦਿੱਤੇ ਗਏ ਅਤੇ ਧਾਰਮਿਕ ਪ੍ਰੀਖਿਆ ਵਿਚੋਂ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਸਮੂਹ ਸਕੂਲ ਪ੍ਰਬੰਧਕ ਕਮੇਟੀ ਤੋਂ ਇਲਾਵਾ ਸਮੂਹ ਸਕੂਲ ਸਟਾਫ਼ ਬੀਬੀ ਗੁਰਮੀਤ ਕੌਰ, ਅੰਮ੍ਰਿਤਪਾਲ ਕੌਰ, ਜਸਬੀਰ ਕੌਰ, ਅਨੁਰਾਧਾ ਸ਼ੁਕਲਾ, ਅਕਵਿੰਦਰ ਕੌਰ, ਹਿਨਾ, ਪਰਮਿੰਦਰਜੀਤ ਕੌਰ, ਸੁਮਨ ਅਤੇ ਮਾਸਟਰ ਮਨਦੀਪ ਸਿੰਘ ਹਾਜ਼ਰ ਸਨ।

ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਨਿਆਂ ਤੇ ਧਰਮ ਲਈ ਸੀ-ਖ਼ਾਲਸਾ

ਸਮਾਗਮ ਦੌਰਾਨ ਧਾਰਮਿਕ ਪ੍ਰੀਖਿਆ 'ਚ ਅੱਵਲ ਆਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਧਾਨ ਪਰਮਿੰਦਰਪਾਲ ਸਿੰਘ ਖ਼ਾਲਸਾ ਤੇ ਹੋਰ ਕਮੇਟੀ ਮੈਂਬਰ।

ਪੰਥ ਪ੍ਰਸਿੱਧ ਕੀਰਤਨੀਏ ਉਸਤਾਦ ਨਰਿੰਦਰਪਾਲ ਸਿੰਘ ਨਹੀਂ ਰਹੇ

ਅੰਤਿਮ ਸੰਸਕਾਰ ਜੱਦੀ ਪਿੰਡ ਚੱਕ ਕਲਾਂ 'ਚ 12 ਨੂੰ

ਸ਼ਾਹਕੋਟ, 8 ਦਸੰਬਰ (ਦਲਜੀਤ ਸਿੰਘ ਸਚਦੇਵਾ)- ਪੰਥ ਪ੍ਰਸਿ